**Vigilance Bureau Punjab**

# VIGILANCE NABS THREE WAKF BOARD EMPLOYEES FOR TAKING BRIBE

Chandigarh, July 8: State Vigilance Bureau today arrested three employees of Punjab Wakf Board for accepting bribe of Rs. 35,000/-.

Disclosing this here an official spokesperson of the Vigilance Bureau said Ali Hasan Estate officer, Mohamad Yasin clerk and Mohamad Yusuf peon, all posted at Punjab Wakf Board, Jalandhar were arrested on the complaint of Mohan Lal of Sunder Nagar, Jalandhar city.

The complaint has approached the VB and alleged that the above said accused were demanding Rs. 40,000 to settle pending rent of a plot which was leased to him by Punjab Wakf Board. He further informed that he had already paid Rs. 5,000 as a bribe to them.

After verifying his information, Vigilance team laid a trap and the above said accused were arrested on the spot while accepting bribe of Rs.35,000 from the complainant in the presence of two official witnesses.

He informed that a case under of Prevention of Corruption Act has been registered against the above said accused at VB police station Jalandhar and further investigations were under progress.

----------------

**ਵਿਜੀਲੈਂਸ ਬਿਓਰੋ ਪੰਜਾਬ**

# ਵਿਜੀਲੈਂਸ ਵੱਲੋਂ ਪੰਜਾਬ ਵਕਫ਼ ਬੋਰਡ ਦੇ ਤਿੰਨ ਮੁਲਾਜਮ 35,000 ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 8 ਜੁਲਾਈ: ਪੰਜਾਬ ਵਿਜੀਲੈਂਸ ਬਿਊਰੋ ਵਲੋਂ ਅੱਜ ਪੰਜਾਬ ਵਕਫ਼ ਬੋਰਡ ਜਲੰਧਰ ਦੇ ਦਫਤਰ ਵਿਖੇ ਤਾਇਨਾਤ ਤਿੰਨ ਮੁਲਾਜਮਾਂ ਨੂੰ 35,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਬਿਓਰੋ ਵਲੋਂ ਪੰਜਾਬ ਵਕਫ਼ ਬੋਰਡ ਜਲੰਧਰ ਦੇ ਦਫਤਰ ਵਿਖੇ ਤਾਇਨਾਤ ਅਸਟੇਟ ਅਫਸਰ ਅਲੀ ਹਸਨ, ਮੁਹੰਮਦ ਯਾਸਿਨ ਕਲਰਕ ਅਤੇ ਮੁਹੰਮਦ ਯੂਸਫ ਸੇਵਾਦਾਰ ਨੂੰ ਸ਼ਿਕਾਇਤਕਰਤਾ ਮੋਹਨ ਲਾਲ ਵਾਸੀ ਸੁੰਦਰ ਨਗਰ, ਜਲੰਧਰ ਦੀ ਸ਼ਿਕਾਇਤ ’ਤੇ 35,000 ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫਤਾਰ ਕਰ ਲਿਆ।

ਇਸ ਸਬੰਧੀ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਪੰਜਾਬ ਵਕਫ਼ ਬੋਰਡ ਵਲੋਂ ਉਸ ਨੂੰ ਲੀਜ਼ ’ਤੇ ਅਲਾਟ ਕੀਤੇ ਪਲਾਟ ਦੇ ਬਕਾਇਆ ਪਏ ਕਿਰਾਏ ਨੂੰ ਸੈਟਲ ਕਰਨ ਬਦਲੇ 40,000 ਰੁਪਏ ਦੀ ਮੰਗ ਕੀਤੀ ਗਈ ਹੈ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਸ ਵਲੋਂ ਪਹਿਲਾਂ ਹੀ 5,000 ਰੁਪਏ ਰਿਸ਼ਵਤ ਵਜੋਂ ਉਕਤ ਦੋਸ਼ੀਆਂ ਨੂੰ ਅਦਾ ਕੀਤੇ ਜਾ ਚੁੱਕੇ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਤਿੰਨਾਂ ਦੋਸ਼ੀਆਂ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 35,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਜਲੰਧਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।